15ਵੀਂ ਵਿਧਾਨ ਸਭਾ
ਸੱਤਵਾਂ ਸਮਾਗਮ

# ਪੰਜਾਬ ਵਿਧਾਨ ਸਭਾ

## ਬੁਲੇਟਿਨ ਨੰ: 1

**ਮੰਗਲਵਾਰ, 12 ਫਰਵਰੀ, 2019**

**(2.00 ਵਜੇ ਬਾਅਦ ਦੁਪਹਿਰ ਤੋਂ 02.12 ਵਜੇ ਬਾਅਦ ਦੁਪਹਿਰ ਤੱਕ)**

**ਅਕਾਲ ਚਲਾਣਿਆਂ ਦਾ ਵਰਣਨ:**

ਮਾਨਯੋਗ ਸਪੀਕਰ ਨੇ ਨਿਮਨਲਿਖਤ ਦੇ ਅਕਾਲ ਚਲਾਣਿਆਂ ਦਾ ਵਰਣਨ ਕੀਤਾ :-

1. ਸ਼੍ਰੀ ਜੌਰਜ ਫਰਨਾਂਡਿਜ਼, ਸਾਬਕਾ ਕੇਂਦਰੀ ਰੱਖਿਆ ਮੰਤਰੀ;
2. ਸਰਦਾਰ ਦਲੀਪ ਸਿੰਘ ਪਾਂਧੀ, ਸਾਬਕਾ ਮੰਤਰੀ, ਪੰਜਾਬ ;
3. ਸਰਦਾਰ ਗੋਬਿੰਦ ਸਿੰਘ ਕਾਂਝਲਾ, ਸਾਬਕਾ ਮੰਤਰੀ;
4. ਸ਼੍ਰੀ ਚੰਨਣ ਸਿੰਘ, ਸੁਤੰਤਰਤਾ ਸੰਗਰਾਮੀ;
5. ਸ਼ਹੀਦ ਮੁਖਤਿਆਰ ਸਿੰਘ, ਕਾਂਸਟੇਬਲ;
6. ਸ਼ਹੀਦ ਲੇਖ ਰਾਜ, ਗਨਰ; ਅਤੇ
7. ਸ਼ਹੀਦ ਸੁਖਚੈਨ ਸਿੰਘ, ਲਾਂਸ ਨਾਇਕ।

ਮਾਨਯੋਗ ਸਪੀਕਰ ਵੱਲੋਂ ਉਪਰੋਕਤ ਵਰਣਿਤ ਮਹਾਨ ਸ਼ਖਸੀਅਤਾਂ ਨੂੰ ਸ਼ਰਧਾਂਜਲੀਆਂ ਭੇਂਟ ਕੀਤੀਆਂ ਗਈਆਂ ਅਤੇ ਇਨ੍ਹਾਂ ਸ਼ਖਸੀਅਤਾਂ ਤੋਂ ਇਲਾਵਾ ਮਾਨਯੋਗ ਸਪੀਕਰ ਵਲੋਂ ਲੋਕ ਇਨਸਾਫ਼ ਪਾਰਟੀ ਦੇ ਮੈਂਬਰ ਸਰਦਾਰ ਬਲਵਿੰਦਰ ਸਿੰਘ ਬੈਂਸ ਅਤੇ ਸਰਦਾਰ ਸਿਮਰਜੀਤ ਸਿੰਘ ਬੈਂਸ ਦੇ ਪਿਤਾ ਸਰਦਾਰ ਮੋਹਨ ਸਿੰਘ ਬੈਂਸ ਨੂੰ ਸ਼ਰਧਾਂਜਲੀ ਭੇਂਟ ਕੀਤੀ ਗਈ। ਇਸ ਤੋਂ ਇਲਾਵਾ ਰਾਣਾ ਗੁਰਮੀਤ ਸਿੰਘ ਸੋਢੀ, ਖੇਡਾਂ ਅਤੇ ਯੁਵਕ ਸੇਵਾਵਾਂ ਮੰਤਰੀ ਵਲੋਂ ਦੋ ਸਹਾਇਕ ਐਡਵੋਕੇਟ ਜਨਰਲ ਸ਼੍ਰੀ ਸੰਦੀਪ ਮਾਨ ਅਤੇ ਸ਼੍ਰੀ ਅਤਿੰਦਰਪਾਲ ਸਿੰਘ ਦੇ ਸੜਕ ਹਾਦਸੇ ਵਿੱਚ ਮਾਰੇ ਜਾਣ ਤੇ ਅਤੇ ਸ਼੍ਰੀ ਪਵਨ ਕੁਮਾਰ ਟੀਨੂ, ਐਮ.ਐਲ.ਏ ਵਲੋਂ ਵੀਰ ਚੱਕਰ ਪ੍ਰਾਪਤ ਕੈਪਟਨ ਹਰਭਜਨ ਸਿੰਘ ਦਾ ਨਾਂ ਵੀ ਅੱਜ ਦੇ ਸ਼ੋਕ ਪ੍ਰਸਤਾਵਾਂ ਵਾਲੀ ਸੂਚੀ ਵਿੱਚ ਸ਼ਾਮਲ ਕਰਨ ਲਈ ਕਹੇ ਜਾਣ ਤੇ ਮਾਨਯੋਗ ਸਪੀਕਰ ਵੱਲੋਂ ਉਨ੍ਹਾਂ ਦੇ ਨਾਵਾਂ ਨੂੰ ਵੀ ਸ਼ਰਧਾਂਜਲੀਆਂ ਵਾਲੀ ਸੂਚੀ ਵਿੱਚ ਸ਼ਾਮਲ ਕਰ ਲਿਆ ਗਿਆ।

ਮਾਨਯੋਗ ਸਪੀਕਰ ਵੱਲੋਂ ਸਦਨ ਨੂੰ ਸੂਚਿਤ ਕੀਤਾ ਗਿਆ ਕਿ ਵਿਛੜੀਆਂ ਸ਼ਖਸੀਅਤਾਂ ਦੇ ਦੁਖੀ ਪਰਿਵਾਰਾਂ ਨੂੰ ਸ਼ੋਕ ਸੁਨੇਹੇ ਭੇਜ ਦਿੱਤੇ ਜਾਣਗੇ।

ਸਦਨ ਨੇ ਵਿਛੜੀਆਂ ਰੂਹਾਂ ਦੀ ਯਾਦ ਵਿੱਚ ਸਤਿਕਾਰ ਵਜੋਂ ਦੋ ਮਿੰਟ ਲਈ ਮੌਨ ਧਾਰਨ ਕੀਤਾ।

ਇਸ ਉਪਰੰਤ ਸਦਨ ਬਿਨਾਂ ਕੋਈ ਹੋਰ ਕੰਮ-ਕਾਰ ਕੀਤਿਆਂ ਬੁੱਧਵਾਰ ਮਿਤੀ 13 ਫਰਵਰੀ, 2019 ਦੇ 10.00 ਵਜੇ ਪੂਰਵ ਦੁਪਹਿਰ ਤੱਕ ਸਥੱਗਿਤ ਹੋ ਗਿਆ।

ਚੰਡੀਗੜ:
12 ਫਰਵਰੀ, 2019

ਸ਼ਸ਼ੀ ਲਖਨਪਾਲ ਮਿਸ਼ਰਾ,
ਸਕੱਤਰ ।

Chief Reporter 13/2/19
Punjab Vidhan Sabha Sectt.
Chandigarh